# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10 pm**

**ਮਿਤੀ : 04-06-2025**

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਅੱਜ ਨਵੀਂ ਦਿੱਲੀ ਵਿੱਚ ਕੇਂਦਰੀ ਮੰਤਰੀ ਪ੍ਰੀਸ਼ਦ ਦੀ ਮੀਟਿੰਗ ਦੀ ਪ੍ਰਧਾਨਗੀ ਕਰਨਗੇ। ਇਹ ਪਹਿਲਗਾਮ ਦਹਸ਼ਤਗਰਦੀ ਹਮਲੇ ਤੇ ਆਪ੍ਰੇਸ਼ਨ ਸਿੰਦੂਰ ਤਹਿਤ ਪਾਕਿਸਤਾਨ ਵਿਰੁੱਧ ਦੇਸ਼ ਵਲੋਂ ਕੀਤੀ ਗਈ ਜਵਾਬੀ ਕਾਰਵਾਈ ਤੋਂ ਬਾਅਦ ਪਹਿਲੀ ਅਜਿਹੀ ਮੀਟਿੰਗ ਹੋਵੇਗੀ ।

---------------------------------------------------------------------------

ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਕਿਹਾ ਏ  ਕਿ ਉਹ ਯੋਗ ਦਿਵਸ 2025 ਪ੍ਰਤੀ ਵਧਦੇ ਉਤਸ਼ਾਹ ਨੂੰ ਦੇਖ ਕੇ ਖੁਸ਼ ਨੇ । ਇਕ ਸੋਸ਼ਲ ਮੀਡੀਆ ਪੋਸਟ ਵਿੱਚ, ਸ਼੍ਰੀ ਮੋਦੀ ਨੇ ਕਿਹਾ ਕਿ ਯੋਗਾਂਧਰਾ 2025 ਆਂਧਰਾ ਪ੍ਰਦੇਸ਼ ਦੇ ਲੋਕਾਂ ਦੁਆਰਾ ਯੋਗ ਨੂੰ ਪ੍ਰਸਿੱਧ ਬਣਾਉਣ ਲਈ ਇੱਕ ਸ਼ਲਾਘਾਯੋਗ ਯਤਨ ਏ । ਮੰਤਰੀ ਨੇ ਲੋਕਾਂ ਨੂੰ ਯੋਗ ਦਿਵਸ ਮਨਾਉਣ ਤੇ ਯੋਗ ਨੂੰ ਆਪਣੇ ਜੀਵਨ ਦਾ ਨਿਯਮਤ ਹਿੱਸਾ ਬਣਾਉਣ ਦਾ ਸੱਦਾ ਦਿੱਤਾ।

ਸ਼੍ਰੀ ਮੋਦੀ ਨੇ ਕਿਹਾ ਕਿ ਉਹ ਇਸ ਮਹੀਨੇ ਦੀ 21 ਤਰੀਕ ਨੂੰ ਆਂਧਰਾ ਪ੍ਰਦੇਸ਼ ਵਿੱਚ ਯੋਗ ਦਿਵਸ ਮਨਾਉਣ ਦੀ ਉਮੀਦ ਕਰ ਰਹੇ ਨੇ।

---------------------------------------------------------------------------

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ  ਸੂਬੇ ਵਿੱਚੋਂ ਨਸ਼ਿਆਂ ਦੇ ਸਰਾਪ ਨੂੰ ਖਤਮ ਕਰਨ ਲਈ ਸੂਬਾ ਸਰਕਾਰ ਦੀ ਦ੍ਰਿੜ ਵਚਨਬੱਧਤਾ ਨੂੰ ਦੁਹਰਾਉਂਦੇ ਹੋਏ ਕਿਹਾ ਏ ਕਿ ਇਸ ਅਪਰਾਧ ਵਿਚ ਸ਼ਾਮਲ ਕਿਸੇ ਵੀ ਵਿਅਕਤੀ ਨੂੰ ਬਖਸ਼ਿਆ ਨਹੀਂ ਜਾ ਰਿਹਾ। ਚੰਡੀਗੜ੍ਹ ਵਿਖੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਮੁੱਖ ਮੰਤਰੀ ਨੇ ਸਪੱਸ਼ਟ ਤੌਰ 'ਤੇ ਕਿਹਾ ਕਿ ਸੂਬਾ ਸਰਕਾਰ ਨੇ ਨਸ਼ਿਆਂ ਵਿਰੁੱਧ ਜ਼ੀਰੋ ਟਾਲਰੈਂਸ ਨੀਤੀ ਅਪਣਾਈ ਏ ਤੇ ਇਸ ਅਪਰਾਧ ਵਿਚ ਸ਼ਾਮਲ ਕਿਸੇ ਵੀ ਵਿਅਕਤੀ ਨੂੰ ਬਖਸ਼ਿਆ ਨਹੀਂ ਜਾ ਰਿਹਾ। ਉਹਨਾਂ ਕਿਹਾ ਕਿ ਕਾਨੂੰਨ ਲਾਗੂ ਕਰਨ ਵਾਲੀਆਂ ਏਜੰਸੀਆ ਵਿਚ ਨਸ਼ਾ ਤਸਕਰ ਦਾ ਸਾਥ ਦੇਣ ਵਾਲਿਆਂ ਦੀ ਵੀ ਪਛਾਣ ਕੀਤੀ ਜਾ ਰਹੀ ਏ ਤੇ ਉਨ੍ਹਾਂ ਵਿਰੁੱਧ ਸਖ਼ਤ ਤੋਂ ਸਖ਼ਤ ਕਾਰਵਾਈ ਕੀਤੀ ਜਾਵੇਗੀ।

---------------------------------------------------------------------------

ਸਟੇਟ ਸਪੈਸ਼ਲ ਆਪ੍ਰੇਸ਼ਨ ਸੈੱਲ ਮੋਹਾਲੀ ਨੇ ਰੂਪਨਗਰ ਦੇ ਪਿੰਡ ਮਹਿਲਨ ਦੇ ਵਸਨੀਕ ਜਸਬੀਰ ਸਿੰਘ ਨਾਲ ਜੁੜੇ ਇਕ ਮਹੱਤਵਪੂਰਨ ਜਾਸੂਸੀ ਨੈੱਟਵਰਕ ਦਾ ਪਰਦਾਫਾਸ਼ ਕੀਤਾ ਏ। ਜਸਬੀਰ ਸਿੰਘ "ਜਾਨ

ਮਹਿਲ"  ਨਾਮਕ  ਇਕ YouTube ਚੈਨਲ  ਚਲਾਉਂਦਾ  ਏ  ।  ਉਸ  ਨੂੰ ਪਾਕਿਸਤਾਨ ਦੇ ਖੁਫੀਆ ਅਧਿਕਾਰੀ  ਸ਼ਕੀਰ ਉਰਫ਼ ਜੱਟ ਰੰਧਾਵਾ ਨਾਲ ਜੁੜਿਆ ਪਾਇਆ ਗਿਆ ਏ , ਜੋ ਕਿ ਇਕ ਦਹਸ਼ਤਗਰਦੀ-ਸਮਰਥਿਤ ਜਾਸੂਸੀ ਨੈੱਟਵਰਕ ਦਾ ਹਿੱਸਾ ਏ । ਉਸ ਦੇ ਜਾਸੂਸੀ ਲਈ ਗਿਰਫ਼ਤਾਰ ਹਰਿਆਣਾ-ਅਧਾਰਤ YouTuber ਜੋਤੀ ਮਲਹੋਤਰਾ ਤੇ ਇਕ ਪਾਕਿਸਤਾਨੀ ਨਾਗਰਿਕ ਅਹਿਸਾਨ-ਉਰ-ਰਹੀਮ ਉਰਫ਼ ਦਾਨਿਸ਼ ਤੇ ਭਾਰਤ ਚੋਣ ਕੱਢੇ ਗਏ ਪਾਕਿ ਹਾਈ ਕਮਿਸ਼ਨ ਅਧਿਕਾਰੀ ਨਾਲ ਵੀ ਨਜ਼ਦੀਕੀ ਸੰਪਰਕ ਸਨ । ਜਾਂਚ ਤੋਂ ਪਤਾ ਲੱਗਾ ਏ  ਕਿ ਜਸਬੀਰ ਨੇ ਦਾਨਿਸ਼ ਦੇ ਸੱਦੇ 'ਤੇ ਦਿੱਲੀ ਵਿਚ ਪਾਕਿਸਤਾਨ ਰਾਸ਼ਟਰੀ ਦਿਵਸ ਸਮਾਗਮ ਵਿੱਚ ਸ਼ਿਰਕਤ ਕੀਤੀ ਸੀ, ਜਿੱਥੇ ਉਹ ਪਾਕਿਸਤਾਨੀ ਸੈਨਾ ਅਧਿਕਾਰੀਆਂ ਤੇ ਵਲੋਗਰਾਂ ਨੂੰ ਮਿਲਿਆ ਸੀ ।  ਉਸ ਨੇ ਤਿੰਨ ਵਾਰ ਪਾਕਿਸਤਾਨ ਦੀ ਯਾਤਰਾ ਕੀਤੀ ਤੇ ਉਸ ਦੇ ਫੋਨਾ ਵਿੱਚ ਕਈ ਪਾਕਿਸਤਾਨ-ਅਧਾਰਤ ਨੰਬਰ ਨੇ, ਜਿਸ ਦੀ  ਫੋਰੈਂਸਿਕ ਜਾਂਚ ਚਲ ਰਹੀ ਏ । ਇਸ ਸਬੰਧੀ f.i.r. ਦਰਜ ਕਰ ਲਈ ਗਈ ਏ ।

------------------------------------------------------------------------------

ਸੂਬੇ ਦੇ ਜੰਗਲਾਤ ਤੇ ਜੰਗਲੀ ਜੀਵ ਸੁਰੱਖਿਆ ਮੰਤਰੀ ਲਾਲ ਚੰਦ ਕਟਾਰੂਚੱਕ ਨੇ ਕਿਹਾ ਏ ਕਿ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ 350ਵੇਂ ਸ਼ਹੀਦੀ ਦਿਵਸ ਨੂੰ ਧਿਆਨ ਵਿਚ ਰੱਖਦੇ ਹੋਏ ਵਿਭਾਗ ਇਸ

ਸਾਲ ਫਲਦਾਰ ਰੁੱਖਾਂ ਦੇ 3 ਕਰੋੜ 50 ਲੱਖ ਬੂਟੇ ਲਗਾਉਣ ਦੀ ਯੋਜਨਾ ਬਣਾ ਰਿਹਾ ਏ । ਉਨ੍ਹਾਂ ਕਿਹਾ ਕਿ ਇਸ ਵਾਤਾਵਰਨ ਪੱਖੀ ਉਪਰਾਲੇ ਨਾਲ ਸੂਬੇ ਵਿਚ ਜੰਗਲਾਤ ਅਧੀਨ ਰਕਬੇ ਨੂੰ ਵਧਾਉਣ ਵਿਚ ਬਹੁਤ ਮਦਦ ਮਿਲੇਗੀ। ਇਸ ਮੌਕੇ ਉਹਨਾਂ ਮੋਹਾਲੀ ਦੇ ਪਿੰਡ ਪੱਲਣਪੁਰ ਵਿਖੇ ਨਵੀਂ ਮੁਰੰਮਤ ਕੀਤੀ ਗਈ ਇੰਸਪੈਕਸ਼ਨ ਹੱਟ ਦਾ ਉਦਘਾਟਨ ਕੀਤਾ। ਇਸ ਵਾਤਾਵਰਨ-ਪੱਖੀ ਉਪਰਾਲੇ ’ਤੇ ਲਗਭਗ 70 ਲੱਖ ਰੁਪਏ ਦੀ ਲਾਗਤ ਆਈ ਏ । ਉਨ੍ਹਾਂ ਇਸ ਮੌਕੇ ਕਿਹਾ ਕਿ ਮਿਰਜ਼ਾਪੁਰ ਵਿਚ ਵੀ ਰੈਸਟ ਹਾਊਸ ਦਾ ਨਵੀਨੀਕਰਨ ਕੀਤਾ ਜਾਵੇਗਾ ਤੇ ਨਵੀਂ ਨੁਹਾਰ ਦਿੱਤੀ ਜਾਵੇਗੀ ।

------------------------------------------------------------------------------------------

ਪੰਜਾਬ ਦੇ ਮੁੱਖ ਚੋਣ ਅਧਿਕਾਰੀ ਸਿਬਿਨ ਸੀ ਨੇ ਦੱਸਿਆ ਏ ਕਿ ਭਾਰਤ ਚੋਣ ਕਮਿਸ਼ਨ ਹੁਣ ਵੋਟਰ ਮਤਦਾਨ ਪ੍ਰਤੀਸ਼ਤ ਦੇ ਅਨੁਮਾਨਤ ਰੁਝਾਨਾਂ ਬਾਰੇ ਸਮੇਂ ਸਿਰ ਅੱਪਡੇਟ ਪ੍ਰਦਾਨ ਕਰਨ ਲਈ ਇਕ ਸੁਚਾਰੂ, ਤਕਨਾਲੋਜੀ-ਅਧਾਰਤ ਪ੍ਰਣਾਲੀ ਪੇਸ਼ ਕਰ ਰਿਹਾ ਏ। ਇਹ ਨਵੀਂ ਪ੍ਰਕਿਰਿਆ ਪਹਿਲਾਂ ਦੇ ਮੈਨੂਅਲ ਰਿਪੋਰਟਿੰਗ ਤਰੀਕਿਆਂ ਨਾਲ ਜੁੜੇ ਸਮੇਂ ਦੇ ਅੰਤਰ ਨੂੰ ਕਾਫ਼ੀ ਹੱਦ ਤੱਕ ਘਟਾਉਂਦੀ ਏ । ਇਹ ਪਹਿਲਕਦਮੀ ਕਮਿਸ਼ਨ ਦੀ ਸਮੇਂ ਸਿਰ ਜਨਤਕ ਸੰਚਾਰ ਨੂੰ ਯਕੀਨੀ ਬਣਾਉਣ ਦੀ

ਵਚਨਬੱਧਤਾ ਨਾਲ ਮੇਲ ਖਾਂਦੀ ਏ , ਜਿਸ ਨੂੰ ਮੁੱਖ ਚੋਣ ਕਮਿਸ਼ਨਰ ਗਿਆਨੇਸ਼ ਕੁਮਾਰ ਨੇ ਅਕਸਰ ਵੱਖ-ਵੱਖ ਮੌਕਿਆਂ 'ਤੇ ਰੇਖਾਂਕਿਤ ਕੀਤਾ ਏ ।

-----------------------------------------------------------------------

ਰਾਇਲ ਚੈਲੇਂਜਰਜ਼ ਬੰਗਲੁਰੂ ਨੇ ਪਹਿਲੀ ਵਾਰ ਇੰਡੀਅਨ ਪ੍ਰੀਮੀਅਰ ਲੀਗ ਟਰਾਫੀ ਜਿੱਤੀ ਏ । ਟੀਮ  ਨੇ ਬੀਤੀ ਰਾਤ ਅਹਿਮਦਾਬਾਦ ਦੇ ਨਰਿੰਦਰ ਮੋਦੀ ਸਟੇਡੀਅਮ ਵਿੱਚ ਪੰਜਾਬ ਕਿੰਗਜ਼ ਨੂੰ 6 ਦੌੜਾਂ ਨਾਲ ਹਰਾਇਆ। ਪਹਿਲਾ IPL ਖਿਤਾਬ ਜਿੱਤਣ 'ਤੇ, RCB ਦੇ ਕਪਤਾਨ ਰਜਤ ਪਾਟੀਦਾਰ ਨੇ ਕਿਹਾ, ਵਿਰਾਟ ਕੋਹਲੀ ਤੇ ਸਾਰੇ ਪ੍ਰਸ਼ੰਸਕ ਇਸ ਜਿੱਤ ਦੇ ਕਿਸੇ ਹੋਰ ਨਾਲੋਂ ਵੱਧ ਹੱਕਦਾਰ ਨੇ । ਉਨ੍ਹਾਂ  ਟੀਮ ਪ੍ਰਬੰਧਨ ਤੇ ਕੋਚਿੰਗ ਸਟਾਫ ਦਾ ਹਰ ਖਿਡਾਰੀ ਦਾ ਸਮਰਥਨ ਕਰਨ ਲਈ ਧੰਨਵਾਦ ਵੀ ਕੀਤਾ ।

-----------------------------------------------------------------------

ਪੰਜਾਬ ਦੇ ਸਕੂਲ ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਨੇ ਦੱਸਿਆ ਏ ਕਿ ਸੂਬੇ ਦੇ ਸਰਕਾਰੀ ਸਕੂਲਾਂ ਦੇ 40 ਵਿਦਿਆਰਥੀਆਂ ਨੇ ਸਖ਼ਤ ਮੁਕਾਬਲੇ ਵਾਲੀ ਜੇਈਈ ਐਡਵਾਂਸਡ ਪਾਸ ਕਰਕੇ ਇਕ ਨਵਾਂ ਮੀਲ ਪੱਥਰ ਸਥਾਪਿਤ ਕੀਤਾ ਏ , ਜਿਸ ਨਾਲ ਹੁਣ ਉਨ੍ਹਾਂ ਲਈ ਦੇਸ਼ ਦੀਆਂ ਵੱਕਾਰੀ ਆਈ.ਆਈ.ਟੀ. ਵਿੱਚ ਦਾਖਲਾ ਲੈਣ ਦਾ ਰਾਹ ਪੱਧਰਾ ਹੋ ਗਿਆ

ਏ । ਇਸ ਸ਼ਾਨਦਾਰ ਪ੍ਰਾਪਤੀ ਲਈ ਇਨ੍ਹਾਂ ਹੋਣਹਾਰ ਵਿਦਿਆਰਥੀਆਂ, ਉਨ੍ਹਾਂ ਦੇ ਮਾਪਿਆਂ ਤੇ ਅਧਿਆਪਕਾਂ ਨੂੰ ਦਿਲੋਂ ਵਧਾਈ ਦਿੰਦਿਆਂ ਬੈਂਸ ਨੇ ਕਿਹਾ ਕਿ ਇਹ ਵਿਦਿਆਰਥੀ ਪੰਜਾਬ ਦਾ ਮਾਣ ਤੇ ਦੇਸ਼ ਦਾ ਭਵਿੱਖ ਨੇ । ਉਨ੍ਹਾਂ ਕਿਹਾ ਕਿ ਇਨ੍ਹਾਂ ਵਿਦਿਆਰਥੀਆਂ ਦੀ ਸਫ਼ਲਤਾ ਸਾਰਿਆਂ ਨੂੰ ਮਿਆਰੀ ਸਿੱਖਿਆ ਦੇਣ ਪ੍ਰਤੀ ਪੰਜਾਬ ਸਰਕਾਰ ਦੀ ਦ੍ਰਿੜ੍ਹ ਵਚਨਬੱਧਤਾ ਦਾ ਠੋਸ ਪ੍ਰਮਾਣ ਏ ।